ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਹੁਣ ਤੱਕ 61 ਸ਼ੱਕੀ ਮਰੀਜ਼ਾਂ ਦੀਆਂ ਰਿਪੋਰਟਾਂ ਆਈਆਂ ਨੈਗੇਟਿਵ

ਕੋਰੋਨਾ ਵਾਇਰਸ ਨਾਲ ਨਿਪਟਣ ਲਈ ਕੀਤੇ ਗਏ ਹਨ ਪੁਖਤਾ ਪ੍ਰਬੰਧ

ਫ਼ਤਹਿਗੜ੍ਹ ਸਾਹਿਬ, 08 ਅਪ੍ਰੈਲ

ਵਧੀਕ ਡਿਪਟੀ ਕਮਿਸ਼ਨਰ-ਕਮ- ਨੋਡਲ ਅਫਸਰ ਕੋਵਿਡ-19 ਕੰਟਰੋਲ, ਸ੍ਰੀ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਵਾਇਰਸ ਸਬੰਧੀ 61 ਸ਼ੱਕੀ ਮਰੀਜ਼ਾਂ ਦੀਆਂ ਰਿਪੋਰਟਾਂ ਨੈਗੇਟਿਵ ਆਈਆਂ ਹਨ ਤੇ 01 ਦੀ ਰਿਪੋਰਟ ਆਉਣੀ ਬਾਕੀ ਹਨ, ਜਦ ਕਿ 02 ਔਰਤਾਂ ਦੀਆਂ ਰਿਪੋਰਟਾਂ ਬੀਤੇ ਦਿਨ ਪਾਜ਼ਟਿਵ ਆਈਆਂ ਸਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਬਾਹਰੋਂ ਆਏ ਸਾਰੇ ਵਿਅਕਤੀਆਂ ਨੂੰ ਟਰੇਸ ਕੀਤਾ ਗਿਆ ਹੈ, ਇਨ੍ਹਾਂ ਵਿਚੋਂ 704 ਆਪਣਾ ਇਕਾਂਤਵਾਸ (ਕੁਆਰੰਟੀਨ) ਦਾ ਸਮਾਂ ਪੂਰਾ ਕਰ ਚੁੱਕੇ ਹਨ ਤੇ ਰਹਿੰਦੇ 101 ਵਿਅਕਤੀਆਂ ਨੂੰ ਘਰ ਵਿਚ ਹੀ ਇਕਾਂਤਵਾਸ ਕੀਤਾ ਗਿਆ ਹੈ।

ਵਧੀਕ ਡਿਪਟੀ ਕਮਿਸ਼ਨਰ-ਕਮ- ਨੋਡਲ ਅਫਸਰ ਕੋਵਿਡ-19 ਕੰਟਰੋਲ ਨੇ ਕਿਹਾ ਕਿ ਦੁਨੀਆਂ ਭਰ ਵਿੱਚ ਕੋਰੋਨਾ ਵਾਇਰਸ ਦੇ ਵਧ ਰਹੇ ਕੇਸਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ।

ਸ. ਜਸਪ੍ਰੀਤ ਸਿੰਘ ਨੇ ਆਮ ਜਨਤਾ ਨੂੰ ਅਪੀਲ ਕਰਦਿਆਂ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ ਤਾਂ ਕਿ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਹਨਾਂ ਦੱਸਿਆ ਕਿ ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਨਾਲ ਧੋਇਆ ਜਾਵੇ।ਖੰਘ ਜਾਂ ਛਿੱਕਣ ਸਮੇਂ ਆਪਣਾ ਮੂੰਹ ਅਤੇ ਨੱਕ ਰੁਮਾਲ ਨਾਲ ਢੱਕਿਆ ਜਾਵੇ ਕਿਉਂਕਿ ਇਹ ਬਿਮਾਰੀ ਇੱਕ ਪੀੜਤ ਵਿਅਕਤੀ ਤੋਂ ਤੰਦਰੁਸਤ ਵਿਅਕਤੀ ਨੂੰ ਥੁੱਕ ਕਣਾਂ ਰਾਹੀਂ ਫੈਲਦੀ ਹੈ।ਇਸ ਲਈ ਫਲੂ ਵਰਗੇ ਲੱਛਣਾਂ ਵਾਲੇ ਵਿਅਕਤੀ ਤੋਂ ਇੱਕ ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ।ਕਿਸੇ ਵੀ ਵਿਅਕਤੀ ਨਾਲ ਹੱਥ ਨਾ ਮਿਲਾਇਆ ਜਾਵੇ। ਖੰਘ,ਬੁਖਾਰ ਜਾਂ ਸਾਹ ਲੈਣ ਵਿੱਚ ਦਿੱਕਤ ਆਉਣ ਦੀ ਸੂਰਤ ਵਿੱਚ, ਤੁਰੰਤ ਸਿਹਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਬਿਮਾਰੀ ਨਾਲ ਨਿਪਟਣ ਲਈ ਜ਼ਿਲ੍ਹੇ ਅੰਦਰ ਪੁਖਤਾ ਪ੍ਰਬੰਧ ਕੀਤੇ ਗਏ ਹਨ।ਜ਼ਿਲ੍ਹੇ ਅਧੀਨ ਪੈਂਦੇ ਹਸਪਤਾਲਾਂ ਵਿੱਚ ਕੋਰੋਨਾ ਦੇ ਸ਼ੱਕੀ ਮਰੀਜ਼ਾਂ ਨੂੰ ਦਾਖਲ ਕਰਨ ਲਈ ਆਈਸੋਲੇਸ਼ਨ ਵਾਰਡ ਬਣਾਏ ਗਏ ਹਨ। ਉਹਨਾਂ ਕਿਹਾ ਕਿ ਘਰ ਵਿੱਚ ਰਹਿ ਕੇ ਹੀ ਇਸ ਬਿਮਾਰੀ ਖਿਲਾਫ ਜੰਗ ਵਿੱਚ ਸਰਕਾਰ ਨੂੰ ਸਹਿਯੋਗ ਦਿੱਤਾ ਜਾਵੇ।

---

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਵਾਇਰਸ ਤੋਂ ਬਚਾਅ ਲਈ ਪਿੰਡਾਂ ਦੇ ਲੋਕਾਂ ਵੱਲੋਂ ਸਰਕਾਰ ਨੂੰ ਦਿੱਤਾ ਜਾ ਰਿਹਾ ਸਹਿਯੋਗ ਸ਼ਲਾਘਾਯੋਗ : ਨਾਗਰਾ

ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਪਿੰਡਾਂ ਦੇ ਲੋਕਾਂ ਵੱਲੋਂ ਲਗਾਏ ਜਾ ਰਹੇ ਹਨ ਪਹਿਰੇ

ਫ਼ਤਹਿਗੜ੍ਹ ਸਾਹਿਬ, 08 ਅਪ੍ਰੈਲ : ਦੁਨੀਆਂ ਦੇ ਸਾਹਮਣੇ ਇੱਕ ਦਮ ਆਈ ਨੋਵੇਲ ਕੋਰੋਨਾ ਵਾਇਰਸ ਦੀ ਭਿਆਨਕ ਮਹਾਂਮਾਰੀ ਨੂੰ ਫੈਲਣ ਤੋਂ ਰੋਕਣ ਲਈ ਲੋਕਾਂ ਵੱਲੋਂ ਜੋ ਸਰਕਾਰ ਨੂੰ ਸਹਿਯੋਗ ਦਿੱਤਾ ਜਾ ਰਿਹਾ ਹੈ ਉਹ ਸ਼ਲਾਘਾਯੋਗ ਹੈ ਅਤੇ ਲੋਕਾਂ ਨੇ ਇਹ ਗੱਲ ਸਾਬਤ ਕੀਤੀ ਹੈ ਕਿ ਜਦੋਂ ਵੀ ਦੇਸ਼ 'ਤੇ ਕੋਈ ਭੀੜ ਪਈ ਤਾਂ ਪੰਜਾਬੀਆਂ ਨੇ ਹਮੇਸ਼ਾਂ ਮੋਹਰੀ ਹੋ ਕੇ ਆਪਣੇ ਫਰਜ਼ ਅਦਾ ਕੀਤੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਪਿੰਡਾਂ ਦੇ ਲੋਕਾਂ ਵੱਲੋਂ ਲਗਾਏ ਜਾ ਰਹੇ ਠੀਕਰੀ ਪਹਿਰਿਆਂ ਸਬੰਧੀ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਵੱਲੋਂ ਪਿੰਡਾਂ ਨੂੰ ਆਉਣ ਜਾਣ ਵਾਲੇ ਰਸਤਿਆਂ ਤੇ 24 ਘੰਟੇ ਪਹਿਰੇ ਦਿੱਤੇ ਜਾ ਰਹੇ ਹਨ ਤਾਂ ਜੋ ਇਸ ਖਤਰਨਾਕ ਮਹਾਂਮਾਰੀ ਤੋਂ ਬਚਿਆ ਜਾ ਸਕੇ। ਪਿੰਡਾਂ ਦੇ ਲੋਕਾਂ ਵੱਲੋ ਲੋਕ ਹਿੱਤ ਵਿੱਚ ਕੀਤਾ ਜਾ ਰਿਹਾ ਹੈ ਇਹ ਕਾਰਜ ਸ਼ਲਾਘਾਯੋਗ ਹੈ। ਉਨ੍ਹਾਂ ਦੱਸਿਆ ਕਿ ਪਿੰਡਾਂ ਨੂੰ ਆਉਣ ਜਾਣ ਵਾਲੇ ਰਸਤਿਆਂ ਤੇ ਪਹਿਰਾ ਦੇ ਰਹੇ ਪਿੰਡ ਵਾਸੀਆਂ ਵੱਲੋਂ ਇਹ ਗੱਲ ਯਕੀਨੀ ਬਣਾਈ ਜਾ ਰਹੀ ਹੈ ਕਿ ਪਿੰਡ ਵਿੱਚੋਂ ਕੋਈ ਵੀ ਵਿਅਕਤੀ ਬਿਨ੍ਹਾਂ ਕਿਸੇ ਅਤਿ ਜਰੂਰੀ ਕੰਮ ਤੋਂ ਬਾਹਰ ਨਾ ਜਾਵੇ ਅਤੇ ਨਾ ਹੀ ਬਾਹਰੋਂ ਕੋਈ ਪਿੰਡ ਵਿਚ ਆਵੇ ਤਾਂ ਜੋ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਵਿਧਾਇਕ ਨਾਗਰਾ ਨੇ ਕਿਹਾ ਕਿ ਕੋਵਿਡ-19 ਕਾਰਨ ਪੈਦਾ ਹੋਏ ਹਾਲਾਤਾਂ ਨਾਲ ਨਜਿੱਠਣ ਹਰੇਕ ਵਰਗ ਦੇ ਲੋਕਾਂ ਦਾ ਸਹਿਯੋਗ ਜਰੂਰੀ ਹੈ ਅਤੇ ਇਸ ਬਿਮਾਰੀ ਨੂੰ ਸਿਹਤ ਵਿਭਾਗ ਵੱਲੋਂ ਦਰਸਾਈ ਗਈ ਸੋਸ਼ਲ ਡਿਸਟੈਂਸਿੰਗ ਦੀ ਪਾਲਣਾ ਕਰਕੇ ਫੈਲਣ ਤੋਂ ਰੋਕਿਆ ਜਾ ਸਕਦਾ ਹੈ। ਜ਼ਿਕਰਯੋਗ ਹੈ ਕਿ ਜ਼ਿਲ੍ਹਾ ਮੈਜਿਸਟਰੇਟ -ਕਮ- ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਪੰਜਾਬ ਵਿਲੇਜ ਐਂਡ ਸਮਾਲ ਟਾਊਨ ਪੈਟਰੋਲ ਐਕਟ 1918 ਦੇ ਸੈਕਸ਼ਨ 3 (1) ਅਧੀਨ ਹੁਕਮ ਜਾਰੀ ਕੀਤੇ ਹੋਏ ਹਨ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜ਼ਿਲ੍ਹੇ ਦੇ ਸਾਰੇ ਪਿੰਡਾਂ ਦੇ ਨਰੋਈ ਸਿਹਤ ਵਾਲੇ ਬਾਲਗ ਵਿਅਕਤੀਆਂ ਵੱਲੋਂ ਪਿੰਡਾਂ ਵਿੱਚ ਦਾਖਲ ਹੋਣ ਤੇ ਬਾਹਰ ਜਾਣ ਦੇ ਰਸਤਿਆਂ ਤੇ 24 ਘੰਟੇ ਪਹਿਰੇ ਲਗਾਏ ਜਾਣ ਅਤੇ ਕਿਸੇ ਵੀ ਵਿਅਕਤੀ ਨੂੰ ਬਿਨਾਂ ਕਿਸੇ ਖਾਸ ਮਕਸਦ ਦੇ ਪਿੰਡ ਵਿੱਚ ਦਾਖਲ ਨਾ ਹੋਣ ਦਿੱਤਾ ਜਾਵੇ। ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਅਨੁਸਾਰ ਪਿੰਡਾਂ ਦੇ 60 ਸਾਲ ਤੋਂ ਵੱਧ ਉਮਰ ਵਾਲੇ ਬਜ਼ੁਰਗਾਂ ਅਤੇ ਅੰਗਹੀਣ ਵਿਅਕਤੀਆਂ ਨੂੰ ਇਹ ਪਹਿਰਾ ਦੇਣ ਤੋਂ ਛੋਟ ਹੈ। ਹਰੇਕ ਪਿੰਡ ਦੀ ਪੰਚਾਇਤ ਨੂੰ ਇਸ ਐਕਟ ਅਧੀਨ ਧਾਰਾ 4(1) ਦੀ ਪੂਰੀ ਤਰਜਮਾਨੀ ਕਰਦਿਆਂ ਆਪਣੇ ਕਾਰਜ ਖੇਤਰ ਅੰਦਰ ਉਕਤ ਡਿਊਟੀ ਕਰਵਾਉਣ ਲਈ ਕਿਹਾ ਗਿਆ ਹੈ।

----------------------------

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਜ਼ਰੂਰਤਮੰਦਾਂ ਦੇ ਘਰਾਂ ਤੱਕ

ਪਹੁੰਚਾਇਆ ਜਾ ਰਿਹਾ ਹੈ ਤਿਆਰ ਕੀਤਾ ਖਾਣਾ: ਡਾ: ਸੰਜੀਵ ਕੁਮਾਰ

ਸਬ ਡਵੀਜ਼ਨ ਫ਼ਤਹਿਗੜ੍ਹ ਸਾਹਿਬ 'ਚ 30 ਟੀਮਾਂ ਛੇ ਹਜ਼ਾਰ ਵਿਅਕਤੀਆਂ ਨੂੰ ਦੇ ਰਹੀਆਂ ਹਨ ਦੋ ਟਾਈਮ ਦਾ ਤਿਆਰ ਕੀਤਾ ਖਾਣਾ

ਸਮਾਜ ਸੇਵੀ ਸੰਸਥਾਵਾਂ ਵੱਲੋਂ ਸਵੈ ਇੱਛਾ ਨਾਲ ਪਾਇਆ ਜਾ ਰਿਹੈ ਯੋਗਦਾਨ

ਖਾਣਾ ਵੰਡਣ ਮੌਕੇ ਸੋਸ਼ਲ ਡਿਸਟੈਂਸਿੰਗ ਦਾ ਰੱਖਿਆ ਜਾਂਦਾ ਹੈ ਵਿਸ਼ੇਸ਼ ਧਿਆਨ

ਫ਼ਤਹਿਗੜ੍ਹ ਸਾਹਿਬ, 08 ਅਪ੍ਰੈਲ :

ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸਾਸ਼ਨ ਵੱਲੋਂ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਲੋੜਵੰਦਾਂ ਦੇ ਘਰਾਂ ਤੱਕ ਤਿਆਰ ਕੀਤਾ ਹੋਇਆ ਖਾਣਾ ਮੁਹੱਈਆ ਕਰਵਾਇਆ ਜਾ ਰਿਹਾ ਹੈ ਅਤੇ ਖਾਣਾ ਵੰਡਦੇ ਸਮੇਂ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਨੂੰ ਪੂਰੀ ਤਰ੍ਹਾ ਅਪਣਾਇਆ ਜਾਂਦਾ ਹੈ। ਇਹ ਜਾਣਕਾਰੀ ਦਿੰਦਿਆਂ ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ ਨੇ ਦੱਸਿਆ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਲਗਾਏ ਗਏ ਕਰਫਿਊ ਦੌਰਾਨ ਜ਼ਿਲ੍ਹਾ ਪ੍ਰਸਾਸ਼ਨ ਵੱਲੋਂ ਆਮ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਖਾਣ ਪੀਣ ਦੀਆਂ ਵਸਤੂਆਂ, ਦਵਾਈਆਂ, ਗੈਸ ਸਿਲੈਂਡਰ, ਦੁੱਧ ਅਤੇ ਸਬਜ਼ੀਆਂ ਆਦਿ ਵੀ ਲੋਕਾਂ ਤੱਕ ਪਹੁੰਚਾਈਆਂ ਜਾ ਰਹੀਆਂ ਹਨ ਤਾਂ ਜੋ ਉਨ੍ਹਾਂ ਨੂੰ ਆਪਣੇ ਘਰਾਂ ਤੋਂ ਬਾਹਰ ਨਾ ਨਿਕਲਣਾ ਪਵੇ ਤੇ ਸੋਸ਼ਲ ਡਿਸਟੈਂਸਿੰਗ ਨੂੰ ਬਰਕਰਾਰ ਰੱਖਿਆ ਜਾ ਸਕੇ।

ਡਾ. ਸੰਜੀਵ ਕੁਮਾਰ ਨੇ ਦੱਸਿਆ ਕਿ ਸਬ ਡਵੀਜ਼ਨ ਫ਼ਤਹਿਗੜ੍ਹ ਸਾਹਿਬ ਵਿੱਚ ਛੇ ਹਜ਼ਾਰ ਗਰੀਬ ਤੇ ਲੋੜਵੰਦ ਵਿਅਕਤੀਆਂ ਨੂੰ ਸਵੇਰੇ ਤੇ ਸ਼ਾਮ ਦਾ ਤਿਆਰ ਕੀਤਾ ਖਾਣਾ ਮੁਹੱਈਆ ਕਰਵਾਇਆ ਜਾ ਰਿਹਾ ਹੈ ਅਤੇ ਇਸ ਕੰਮ ਲਈ 30 ਟੀਮਾਂ ਬਣਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਖਾਣਾ ਤਿਆਰ ਕਰਨ ਅਤੇ ਵੰਡਣ ਮੌਕੇ ਸੋਸ਼ਲ ਡਿਸਟੈਂਸਿੰਗ ਯਕੀਨੀ ਬਣਾਈ ਜਾਂਦੀ ਹੈ ਤਾਂ ਜੋ ਇਸ ਖਤਰਨਾਕ ਮਹਾਂਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਹੋਰ ਦੱਸਿਆ ਕਿ ਇਸ ਕੰਮ ਵਿੱਚ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਵੱਲੋਂ ਵੱਧ ਚੜ੍ਹ ਕੇ ਸਹਿਯੋਗ ਦਿੱਤਾ ਜਾ ਰਿਹਾ ਹੈ ਜੋ ਕਿ ਸ਼ਲਾਘਾਯੋਗ ਹੈ।

ਐਸ.ਡੀ.ਐਮ. ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪ੍ਰਸ਼ਾਸਨ ਵੱਲੋਂ ਆਮ ਲੋਕਾਂ ਦੀ ਸਹੂਲਤ ਲਈ ਸਾਰੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਇਸ ਲਈ ਬਿਨ੍ਹਾਂ ਕਾਰਨ ਆਪਣੇ ਘਰਾਂ ਤੋਂ ਬਾਹਰ ਨਹੀਂ ਨਿਕਲਣਾ ਚਾਹੀਦਾ ਅਤੇ ਪ੍ਰਸ਼ਾਸਨ ਵੱਲੋਂ ਲੋਕਾਂ ਦੀ ਸਹੂਲਤ ਲਈ ਸਥਾਪਤ ਕੀਤੇ ਕਾਲ ਸੈਂਟਰਾਂ ਵਿੱਚ ਆਪਣੀਆਂ ਸਮੱਸਿਆਵਾਂ ਸਬੰਧੀ ਸੰਪਰਕ ਕਰਨਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਿਹਤ ਵਿਭਾਗ ਵੱਲੋਂ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਜੋ ਸਾਵਧਾਨੀਆਂ ਦੱਸੀਆਂ ਗਈਆਂ ਹਨ ਉਨ੍ਹਾਂ ਨੂੰ ਅਪਣਾਉਣਾ ਚਾਹੀਦਾ ਹੈ ਤਾਂ ਜੋ ਇਸ ਮਹਾਂਮਾਰੀ ਦਾ ਡੱਟ ਕੇ ਮੁਕਾਬਲਾ ਕੀਤਾ ਜਾ ਸਕੇ।

ਇਥੇ ਵਰਨਣਯੋਗ ਹੈ ਕਿ ਜ਼ਿਲ੍ਹੇ ਦੀਆਂ ਬਾਕੀ ਸਬ ਡਵੀਜ਼ਨਾਂ ਵਿੱਚ ਸਬੰਧਤ ਐਸ.ਡੀ.ਐਮ. ਦੀ ਅਗਵਾਈ ਵਿੱਚ ਲੋੜਵੰਦ ਲੋਕਾਂ ਦੇ ਘਰਾਂ ਤੱਕ ਤਿਆਰ ਕੀਤਾ ਹੋਇਆ ਖਾਣਾ ਪਹੁੰਚਾਇਆ ਜਾ ਰਿਹਾ ਹੈ ਜਿਸ ਵਿੱਚ ਵੱਖ-ਵੱਖ ਜਥੇਬੰਦੀਆਂ ਵੱਲੋਂ ਸ਼ਲਾਘਾਯੋਗ ਯੋਗਦਾਨ ਪਾਇਆ ਜਾ ਰਿਹਾ ਹੈ।

---------------------------

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਵਿਡ-19 ਪੀੜਤ ਮ੍ਰਿਤਕ ਦਾ ਅੰਤਿਮ ਸੰਸਕਾਰ ਕਰਨ ਨਾਲ ਕੋਈ ਖਤਰਾ ਨਹੀਂ ਹੁੰਦਾ: ਸਿਵਲ ਸਰਜਨ

ਕੋਵੀਡ-19 ਪਾਜ਼ੇਟਿਵ ਮ੍ਰਿਤਕ ਦੇ ਸਸਕਾਰ ਦੀ ਪੂਰੀ ਪ੍ਰਕਿਰਿਆ ਵਿਚ ਸਿਹਤ ਵਿਭਾਗ ਵਲੋਂ ਜਾਰੀ ਵਿਸ਼ੇਸ਼ ਹਦਾਇਤਾਂ ਦੀ ਕੀਤੀ ਜਾਂਦੀ ਹੈ ਪਾਲਣਾ

ਫ਼ਤਹਿਗੜ੍ਹ ਸਾਹਿਬ, 08 ਅਪ੍ਰੈਲ :

ਸਿਵਲ ਸਰਜਨ ਡਾ.ਐਨ.ਕੇ. ਅਗਰਵਾਲ ਨੇ ਦੱਸਿਆ ਕਿ ਕੋਰੋਨਾ ਵਾਇਰਸ ਕਾਰਨ ਮਰਨ ਵਾਲੇ ਵਿਅਕਤੀ ਨੂੰ ਦਫਨਾਉਣ ਜਾਂ ਸਸਕਾਰ ਕਾਰਨ ਨਾਲ ਕਿਸੇ ਕਿਸਮ ਦਾ ਖਤਰਾ ਪੈਦਾ ਨਹੀਂ ਹੁੰਦਾ ਇਥੋਂ ਤੱਕ ਕਿ ਦੇਹ ਦੀ ਰਾਖ ਨਾਲ ਵੀ ਕੋਈ ਖਤਰਾ ਪੈਦਾ ਨਹੀਂ ਹੁੰਦਾ ਅਤੇ ਅੰਤਿਮ ਸੰਸਕਾਰ ਦੀਆਂ ਰਸਮਾਂ ਲਈ ਰਾਖ ਇਕੱਠੀ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਕੋਵੀਡ-19 ਪਾਜ਼ੇਟਿਵ ਮ੍ਰਿਤਕ ਦੇ ਸਸਕਾਰ ਦੀ ਪੂਰੀ ਪ੍ਰਕਿਰਿਆ ਵਿਚ ਸਿਹਤ ਵਿਭਾਗ ਵਲੋਂ ਜਾਰੀ ਵਿਸ਼ੇਸ਼ ਹਦਾਇਤਾਂ ਦੀ ਪਾਲਣਾ ਕੀਤੀ ਜਾਂਦੀ ਹੈ।

ਡਾ. ਅਗਰਵਾਲ ਨੇ ਕਿਹਾ ਕਿ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਮ੍ਰਿਤਕ ਵਿਅਕਤੀ ਨੂੰ ਦਫਨਾਉਣ ਜਾਂ ਸਸਕਾਰ ਕਰਨ ਵਾਲਿਆਂ ਨੂੰ ਹੱਥਾਂ ਦੀ ਸਫਾਈ, ਮਾਸਕ, ਦਸਤਾਨਿਆਂ ਤੇ ਵਿਸ਼ੇਸ਼ ਕਿੱਟ ਦੀ ਵਰਤੋਂ ਨੂੰ ਯਕੀਨੀ ਬਣਾਉਣ ਦੀ ਲੋੜ ਹੁੰਦੀ ਹੈ ਅਤੇ ਸਸਕਾਰ ਦੀ ਸਾਰੀ ਪ੍ਰਕਿਰਿਆ ਮਾਹਿਰਾਂ ਦੀ ਦੇਖ ਰੇਖ ਵਿਚ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ, ਰਿਸ਼ਤੇਦਾਰਾਂ ਨੂੰ ਮੂੰਹ ਦਿਖਾਉਣਾ ਅਤੇ ਧਾਰਮਿਕ ਰਸਮਾਂ ਜਿਵੇਂ ਕਿ ਧਾਰਮਿਕ ਪਾਠ ਪੜ੍ਹਨਾ, ਪਵਿੱਤਰ ਪਾਣੀ ਦਾ ਛਿੜਕਾਅ ਅਤੇ ਕੋਈ ਹੋਰ ਅੰਤਮ ਰਸਮ, ਜਿਸ ਨਾਲ ਸਰੀਰ ਨੂੰ ਛੂਹਣ ਦੀ ਜ਼ਰੂਰਤ ਨਹੀਂ ਹੁੰਦੀ, ਲਈ ਲਾਸ਼ ਨੂੰ ਦਿਖਾਉਣ ਲਈ ਬੈਗ ਨੂੰ (ਸਟਾਫ ਦੁਆਰਾ ਸਧਾਰਣ ਸਾਵਧਾਨੀਆਂ ਵਰਤ ਕੇ) ਖੋਲ੍ਹਣ ਦੀ ਇਜਾਜ਼ਤ ਸ਼ਮਸ਼ਾਨ ਘਾਟ ਵਿਖੇ ਦਿੱਤੀ ਜਾ ਸਕਦੀ ਹੈ।

ਸਿਵਲ ਸਰਜਨ ਨੇ ਸਪਸ਼ਟ ਕੀਤਾ ਕਿ ਮ੍ਰਿਤਕ ਦੇਹ ਨੂੰ ਨਹਾਉਣਾ, ਚੁੰਮਣਾ, ਗਲੇ ਲਗਾਉਣ ਦੀ ਇਜਾਜ਼ਤ ਨਹੀਂ ਹੈ ਅਤੇ ਸਸਕਾਰ/ਦਫਨਾਉਣ ਵਾਲੇ ਕਰਮਚਾਰੀਆਂ ਅਤੇ ਪਰਿਵਾਰਕ ਮੈਂਬਰਾਂ ਨੂੰ ਅੰਤਿਮ ਸੰਸਕਾਰ/ਦਫਨਾਉਣ ਤੋਂ ਬਾਅਦ ਹੱਥਾਂ ਦੀ ਸਫਾਈ ਕਰਨੀ ਚਾਹੀਦੀ ਹੈ। ਇਸ ਤੋਂ ਇਲਾਵਾ, ਸ਼ਮਸ਼ਾਨਘਾਟ/ਦਫਨਾਉਣ ਵਾਲੇ ਸਥਾਨ 'ਤੇ ਵੱਡੇ ਇਕੱਠ ਤੋਂ ਸਮਾਜਿਕ ਦੂਰੀਆਂ ਦੇ ਉਪਾਅ ਵਜੋਂ ਪਰਹੇਜ ਕਰਨਾ ਚਾਹੀਦਾ ਹੈ।

ਡਾ. ਅਗਰਵਾਲ ਨੇ ਅੱਗੇ ਕਿਹਾ ਕਿ ਕੋਵਿਡ -19 ਦੇ ਫੈਲਣ ਦਾ ਮੁੱਖ ਕਾਰਨ ਡਰਾਪਲੈਟਸ (ਮੂੰਹ ਵਿਚੋਂ ਥੁੱਕ ਦੇ ਛਿੱਟੇ) ਅਤੇ ਪ੍ਰਭਾਵਿਤ ਵਿਅਕਤੀ ਨਾਲ ਨੇੜਲਾ ਸੰਪਰਕ ਹੈ। ਉਨ੍ਹਾਂ ਕਿਹਾ ਕਿ ਸਿਹਤ ਸੰਭਾਲ ਕਰਮਚਾਰੀਆਂ ਦੁਆਰਾ ਲਾਸ਼ ਨੂੰ ਸੰਭਾਲਣ ਵੇਲੇ ਲੋੜੀਂਦੀਆਂ ਸਾਵਧਾਨੀਆਂ ਦੀ ਪਾਲਣਾ ਕੀਤੀ ਜਾਂਦੀ ਹੈ।

ਸਟੈਂਡਰਡ ਸੰਕਰਮਣ ਰੋਕਥਾਮ ਨਿਯੰਤਰਣ ਵਿਧੀਆਂ ਦਾ ਹਰ ਸਮੇਂ ਪਾਲਣਾ ਕਰਨ ਤਹਿਤ ਹੱਥਾਂ ਦੀ ਸਫਾਈ, ਨਿੱਜੀ ਸੁਰੱਖਿਆ ਉਪਕਰਣਾਂ ਦੀ ਵਰਤੋਂ (ਉਦਾਹਰਣ ਵਜੋਂ, ਵਾਟਰ ਰਜਿਸਟੈਂਟ ਐਪ੍ਰਨ, ਦਸਤਾਨੇ, ਮਾਸਕ, ਆਈਵੇਅਰ), ਸ਼ਾਰਪਸ ਦੀ ਸੁਰੱਖਿਅਤ ਪ੍ਰਬੰਧਨ, ਲਾਸ਼ ਨੂੰ ਰੱਖਣ ਵਾਲੇ ਬੈਗ ਦਾ ਰੋਗਾਣੂ-ਮੁਕਤ ਹੋਣਾ, ਰੋਗੀ `ਤੇ ਵਰਤੇ ਜਾਣ ਵਾਲੇ ਉਪਕਰਣ ਨੂੰ ਰੋਗਾਣੂ-ਮੁਕਤ ਕਰਨਾ, ਵਾਤਾਵਰਣ ਨੂੰ ਸਾਫ ਅਤੇ ਕੀਟਾਣੂ-ਰਹਿਤ ਕਰਨਾ ਸ਼ਾਮਲ ਹਨ।

------------------------------------

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਮੰਡੀਆਂ ਵਿੱਚ ਕਣਕ ਦੀ ਖਰੀਦ ਦੌਰਾਨ ਕੋਵਿਡ-19 ਤੋਂ ਬਚਾਅ ਲਈ ਵਰਤੀਆਂ ਜਾਣਗੀਆਂ ਸਾਰੀਆਂ ਸਾਵਧਾਨੀਆਂ : ਡਿਪਟੀ ਕਮਿਸ਼ਨਰ

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਿਸਾਨਾਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਸਮੱਸਿਆ

ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਲੋੜੀਂਦੇ ਪ੍ਰਬੰਧ ਕਰਨ ਦੇ ਦਿੱਤੇ ਹੁਕਮ

ਮੰਡੀਆਂ ਵਿੱਚ ਸੈਨੇਟਾਈਜ਼ਰ ਤੇ ਪਾਣੀ ਦਾ ਪ੍ਰਬੰਧ ਕਰਨ ਦੇ ਦਿੱਤੇ ਹੁਕਮ

ਜ਼ਿਲ੍ਹੇ ਵਿੱਚ ਟੋਕਨ ਪ੍ਰਣਾਲੀ ਰਾਹੀਂ ਕੀਤੀ ਜਾਵੇਗੀ ਕਣਕ ਦੀ ਖਰੀਦ

ਆੜ੍ਹਤੀਆਂ ਵੱਲੋਂ ਕਿਸਾਨਾਂ ਨੂੰ ਜਾਰੀ ਕੀਤਾ ਜਾਵੇਗਾ ਟੋਕਨ, ਜੋ ਕਿ ਕਰਫਿਊ ਪਾਸ ਵਜੋਂ ਵੀ ਕੰਮ ਕਰੇਗਾ

ਮੰਡੀਆਂ ਵਿੱਚ ਖਰੀਦੀ ਗਈ ਫਸਲ ਦੀ ਨਾਲੋ-ਨਾਲ ਲਿਫਟਿੰਗ ਕਰਵਾਉਣ ਨੂੰ ਬਣਾਇਆ ਜਾਵੇਗਾ ਯਕੀਨੀ

ਡਿਪਟੀ ਕਮਿਸ਼ਨਰ ਅੰਮ੍ਰਿਤ ਕੌਰ ਗਿੱਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕਣਕ ਦੀ ਖਰੀਦ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ ਕੀਤੀ

ਫ਼ਤਹਿਗੜ੍ਹ ਸਾਹਿਬ, 08 ਅਪ੍ਰੈਲ :

ਕਣਕ ਦੀ ਖਰੀਦ ਸਬੰਧੀ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ ਤੇ ਖਰੀਦ ਪ੍ਰਕਿਰਿਆ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਲਈ ਸਾਰੀਆਂ ਸਾਵਧਾਨੀਆਂ ਵਰਤੀਆਂ ਜਾਣਗੀਆਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕਣਕ ਦੀ ਖਰੀਦ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਸੱਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ।

ਡੀ. ਸੀ. ਨੇ ਕਿਹਾ ਕਿ ਨੋਵੇਲ ਕੋਰੋਨਾ ਵਾਇਰਸ ਵਰਗੀ ਭਿਆਨਕ ਮਹਾਂਮਾਰੀ ਕਾਰਨ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਇਸ ਵਾਰ ਟੋਕਨ ਪ੍ਰਣਾਲੀ ਰਾਹੀਂ ਕਣਕ ਦੀ ਖਰੀਦ ਕੀਤੀ ਜਾਵੇਗੀ ਤਾਂ ਜੋ ਮੰਡੀਆਂ ਵਿੱਚ ਜ਼ਿਆਦਾ ਭੀੜ ਨਾ ਹੋ ਸਕੇ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਫਸਲ ਵੇਚਣ ਲਈ ਆੜ੍ਹਤੀਆਂ ਵੱਲੋਂ ਟੋਕਨ ਜਾਰੀ ਕੀਤੇ ਜਾਣਗੇ ਜੋ ਕਿ ਕਰਫਿਊ ਪਾਸ ਦਾ ਕੰਮ ਵੀ ਕਰਨਗੇ। ਉਨ੍ਹਾਂ ਇਹ ਵੀ ਦੱਸਿਆ ਕਿ ਮੰਡੀਆਂ ਵਿੱਚ ਪੁੱਜਣ ਵਾਲੇ ਸਾਰੇ ਵਿਅਕਤੀਆਂ ਦੇ ਹੱਥ ਸਾਫ ਕਰਨ ਲਈ ਪਾਣੀ ਅਤੇ ਸੈਨੇਟਾਈਜ਼ਰ ਦਾ ਪ੍ਰਬੰਧ ਵੀ ਕੀਤਾ ਜਾਵੇਗਾ ਤਾਂ ਜੋ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਹੋਰ ਦੱਸਿਆ ਕਿ ਮੰਡੀ ਬੋਰਡ ਵੱਲੋਂ ਮੰਡੀਆਂ ਵਿੱਚ ਮਾਰਕਿੰਗ ਕੀਤੀ ਜਾਵੇਗੀ, ਜਿਥੇ ਕਿ ਕਿਸਾਨ ਆਪਣੀ ਫਸਲ ਉਤਾਰ ਸਕਣਗੇ। ਉਨ੍ਹਾਂ ਦੱਸਿਆ ਕਿ ਖਰੀਦੀ ਕਣਕ ਦੀ 48 ਘੰਟੇ ਦੇ ਅੰਦਰ-ਅੰਦਰ ਕਿਸਾਨਾਂ ਨੂੰ ਆਨ ਲਾਈਨ ਅਦਾਇਗੀ ਕੀਤੀ ਜਾਵੇਗੀ।

ਸ੍ਰੀਮਤੀ ਗਿੱਲ ਨੇ ਅਧਿਕਾਰੀਆਂ ਨੂੰ ਕਿਹਾ ਕਿ 15 ਅਪ੍ਰੈਲ ਤੋਂ ਸ਼ੁਰੂ ਹੋ ਰਹੀ ਕਣਕ ਦੀ ਖਰੀਦ ਦੌਰਾਨ ਨੋਵੇਲ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਿਹਤ ਵਿਭਾਗ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ਅਤੇ ਮੰਡੀਆਂ ਵਿੱਚ ਖਰੀਦੀ ਕਣਕ ਦੀ ਨਾਲੋ-ਨਾਲ ਲਿਫਟਿੰਗ ਕਰਵਾਉਣ ਦੇ ਵੀ ਪ੍ਰਬੰਧ ਕੀਤੇ ਜਾਣ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਉਨ੍ਹਾਂ ਦੀ ਫਸਲ ਦੀ ਖਰੀਦ ਕਰਨ ਲਈ ਵਚਨਬੱਧ ਹੈ। ਇਸ ਲਈ ਉਹ ਮੰਡੀਆਂ ਵਿੱਚ ਜ਼ਿਆਦਾ ਭੀੜ ਨਾ ਕਰਨ ਤੇ ਇੱਕ ਦੂਸਰੇ ਤੋਂ ਘੱਟ ਤੋਂ ਘੱਟ 1 ਤੋਂ 2 ਮੀਟਰ

ਤੱਕ ਦੀ ਦੂਰੀ ਬਣਾ ਕੇ ਰੱਖਣ। ਇਸ ਤੋਂ ਇਲਾਵਾ ਖੰਘ ਜਾਂ ਛਿੱਕਦੇ ਸਮੇਂ ਆਪਣਾ ਮੂੰਹ ਰੁਮਾਲ ਜਾਂ ਮਾਸਕ ਨਾਲ ਢੱਕ ਕੇ ਰੱਖਿਆ ਜਾਵੇ।

ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ, ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ, ਐਸ.ਡੀ.ਐਮ. ਬਸੀ ਪਠਾਣਾ ਸ਼੍ਰੀ ਪਵਿੱਤਰ ਸਿੰਘ, ਐਸ.ਡੀ.ਐਮ. ਅਮਲੋਹ ਸ਼੍ਰੀ ਆਨੰਦ ਸਾਗਰ ਸ਼ਰਮਾ, ਸਹਾਇਕ ਕਮਿਸ਼ਨਰ (ਜਨਰਲ) ਸ਼੍ਰੀ ਜਸਪ੍ਰੀਤ ਸਿੰਘ, ਅੰਡਰ ਟਰੇਨਿੰਗ ਪੀ.ਸੀ.ਐਸ. ਅਧਿਕਾਰੀ ਰਵਿਦੰਰ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।